**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 14-03-2024**

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਲ ਨਵੀਂ ਦਿੱਲੀ ਵਿੱਚ, ਆਕਾਸ਼ਵਾਣੀ ਅਤੇ ਦੂਰਦਰਸ਼ਨ ਨਿਊਜ਼ ਦੀਆਂ ਸੋਧੀਆਂ ਹੋਈਆਂ ਵੈੱਬਸਾਈਟਾਂ ਨੂੰ ਲਾਂਚ ਕੀਤਾ। ਉਨਾਂ ਏ.ਆਈ.ਆਰ ਐਪ 'ਤੇ ਸੁਧਾਰੀ ਖਬਰਾਂ ਅਤੇ ਪ੍ਰਸਾਰ ਭਾਰਤੀ ਪ੍ਰਸਾਰਣ ਲਈ ਸਾਂਝਾ ਆਡੀਓ ਵਿਜ਼ੂਅਲ ਸ਼ਬਦ ਵੀ ਜਾਰੀ ਕੀਤਾ। ਇਸ ਮੌਕੇ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਦੂਰਦਰਸ਼ਨ ਅਤੇ ਆਕਾਸ਼ਵਾਣੀ ਸਾਲਾਂ ਤੋਂ ਜਨਤਕ ਪ੍ਰਸਾਰਕ ਵਜੋਂ ਸੇਵਾਵਾਂ ਪ੍ਰਦਾਨ ਕਰ ਰਹੇ ਨੇ। ਸੂਚਨਾ ਤੇ ਪ੍ਰਸਾਰਣ ਸਕੱਤਰ ਸੰਜੇ ਜਾਜੂ ਨੇ ਕਿਹਾ ਕਿ ਅਖਬਾਰ ਅਤੇ ਨਿਊਜ਼ ਨੈੱਟਵਰਕ ਹਮੇਸ਼ਾ ਕਈ ਸਰੋਤਾਂ 'ਤੇ ਨਿਰਭਰ ਕਰਦੇ ਨੇ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਪ੍ਰਸਾਰ ਭਾਰਤੀ ਸ਼ਬਦ, ਸੋਧੇ ਹੋਏ ਵੈੱਬਸਾਈਟ ਤੇ ਐਪ ਸਮਾਚਾਰ ਸੰਸਥਾਵਾਂ ਅਤੇ ਲੋਕਾਂ ਤੱਕ ਜਾਣਕਾਰੀ ਦਾ ਪ੍ਰਸਾਰ ਕਰਨ ਵਿੱਚ ਲਾਭਦਾਇਕ ਹੋਵੇਗਾ। ਇਸ ਮੌਕੇ ਪ੍ਰਸਾਰ ਭਾਰਤੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ ਨੇ ਕਿਹਾ ਕਿ ਪ੍ਰਸਾਰ ਭਾਰਤੀ ਮੀਡੀਆ ਸੰਸਥਾਵਾਂ ਤੱਕ ਪਹੁੰਚ ਕਰੇਗੀ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਕਲ ਪ੍ਰਧਾਨ ਮੰਤਰੀ ਸਮਾਜਿਕ ਉਥਾਨ ਏਵਮ ਰੋਜ਼ਗਾਰ ਅਧਾਰਿਤ ਜਨ ਕਲਿਆਣ (ਪੀਐਮ - ਸੂਰਜ ) ਪੋਰਟਲ ਦੀ ਅਰੰਭਤਾ ਕੀਤੀ ਗਈ ਅਤੇ ਇਕ ਲੱਖ ਲਾਭਪਾਤਰੀਆਂ ਨੂੰ ਔਨਲਾਈਨ ਮੰਜੂਰੀ ਪੱਤਰ ਦਿਤੇ ਗਏ। ਇਸ ਮੌਕੇ ਤੇ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਇਸ ਸਮਾਗਮ ਦੀ ਅਰੰਭਤਾ ਕੇਂਦਰੀ ਵਣਜ ਤੇ ਸਨਅਤ ਰਾਜ ਮੰਤਰੀ ਸੋਮ ਪ੍ਰਕਾਸ਼ ਨੇ ਕੀਤੀ ਅਤੇ ਲਾਭਪਾਤਰੀਆਂ ਨੂੰ ਮੰਜੂਰੀ ਪੱਤਰ ਦਿਤੇ। ਉੱਭਰ ਰਹੇ ਉੱਦਮੀਆਂ ਨੂੰ ਵੈੱਬ ਸੇਵਾ, ਪੀਐਮ-

ਸੂਰਜ ਦੀ ਸ਼ੁਰੂਆਤ ਰਾਹੀਂ ਇੱਕ ਨਿਰਵਿਘਨ ਕ੍ਰੈਡਿਟ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ ਅਤੇ ਯੋਗ ਵਿਅਕਤੀਆਂ ਨੂੰ ਕ੍ਰੈਡਿਟ ਸਹਾਇਤਾ 3.5 ਫੀਸਦੀ ਤੋਂ 9 ਫੀਸਦੀ ਪ੍ਰਤੀ ਸਾਲ ਦੀ ਵਿਆਜ ਦਰਾਂ ਤੇ ਪ੍ਰਦਾਨ ਕੀਤੀ ਜਾਂਦੀ ਏ। ਸਾਰੇ ਲਾਭਪਾਤਰੀਆਂ ਨੂੰ ਕਈ ਭਾਸ਼ਾਵਾਂ ਵਿੱਚ ਐਸ. ਐਮ. ਐਸ. ਸੰਦੇਸ਼ਾਂ ਰਾਹੀਂ ਸੂਚਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਵਿੱਚ ਸ਼ਾਮਲ ਸਫਾਈ ਕਰਮਚਾਰੀਆਂ ਦੇ ਸਸ਼ਕਤੀਕਰਨ ਨੂੰ ਪ੍ਰਾਪਤ ਕਰਨ ਦੇ ਉਦੇਸ਼ ਨਾਲ ਉਨਾਂ ਨੂੰ ਪੀ.ਪੀ.ਈ ਕਿੱਟਾਂ ਦੇ ਨਾਲ ਇਕ ਲੱਖ ਆਯੁਸ਼ਮਾਨ ਸਿਹਤ ਕਾਰਡ ਪ੍ਰਦਾਨ ਕੀਤੇ ਗਏ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਬੰਧਤ ਵਿਭਾਗਾਂ ਤੋਂ ਇਲਾਵਾ ਪ੍ਰਧਾਨ ਮੰਤਰੀ ਦਕਸ਼ ਸਕੀਮ ਦੇ 1000 ਲਾਭਪਾਤਰੀਆਂ ਅਤੇ ਹੁਸ਼ਿਆਰਪੁਰ ਦੇ ਐਲ. ਡੀ.ਐਮ. ਰਾਜੇਸ਼ ਜੋਸ਼ੀ ਨੇ ਵੀ ਹਿੱਸਾ ਲਿਆ।

------------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ, ਤਰੁਣ ਚੁੱਘ ਨੇ ਨਾਗਰਿਕਤਾ ਸੋਧ ਕਾਨੂੰਨ CAA ਬਾਰੇ ਵਿਰੋਧੀ ਧਿਰ ਦੇ ਆਗੂਆਂ ਦੇ ਬਿਆਨ ਨੂੰ ਤੱਥਾਂ ਰਹਿਤ ਕਰਾਰ ਦਿੰਦਿਆਂ ਕਿਹਾ ਕਿ ਇੰਡੀ ਗਠਜੋੜ ਦੇ ਆਗੂਆਂ ਨੂੰ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰਨਾ ਚਾਹੀਦਾ ਏ। ਚੰਡੀਗੜ੍ਹ ਤੋਂ ਜਾਰੀ ਇਕ ਬਿਆਨ ਵਿਚ ਉਨ੍ਹਾਂ ਹਾਸੋਹੀਣੇ ਤੇ ਗੁੰਮਰਾਹਕੁੰਨ ਬਿਆਨਾਂ ਲਈ ਕੇਜਰੀਵਾਲ, ਕਾਂਗਰਸ ਪਾਰਟੀ ਅਤੇ ਮਮਤਾ ਬੈਨਰਜੀ ਦੀ ਆਲੋਚਨਾ ਕੀਤੀ। ਤਰੁਣ ਚੁੱਘ ਨੇ ਕਿਹਾ ਕਿ ਸੀ. ਏ. ਏ. 'ਤੇ ਸਰਕਾਰ ਦੇ ਨੋਟੀਫਿਕੇਸ਼ਨ ਤੋਂ ਕਿਸੇ ਧਰਮ, ਜਾਤ ਜਾਂ ਫਿਰਕੇ ਨੂੰ ਕੋਈ ਖਤਰਾ ਨਹੀਂ ਏ, ਸਿਰਫ ਖ਼ਤਰਾ ਰੋਹਿੰਗਿਆ, ਗੈਰ-ਕਾਨੂੰਨੀ ਘੁਸਪੈਠੀਆਂ ਅਤੇ ਉਨ੍ਹਾਂ ਦੇ ਆਕਾਵਾਂ ਨੂੰ ਏ। ਉਨ੍ਹਾਂ ਕਿਹਾ ਕਿ ਗੁਆਂਢੀ ਦੇਸ਼ਾਂ 'ਚ ਪਿਛਲੇ ਕਈ ਸਾਲਾਂ ਤੋਂ ਧਾਰਮਿਕ ਘੱਟ ਗਿਣਤੀਆਂ 'ਤੇ ਅੱਤਿਆਚਾਰ, ਅਧਿਕਾਰਾਂ ਦੀ ਉਲੰਘਣਾ, ਅਸੁਰੱਖਿਆ, ਔਰਤਾਂ 'ਤੇ ਅੱਤਿਆਚਾਰ ਅਤੇ ਧਰਮ ਪਰਿਵਰਤਨ ਹੋ ਰਿਹਾ ਏ ਜਿਹੜਾ ਅਸਹਿਣ ਯੋਗ ਏ। ਉਨ੍ਹਾਂ ਨੂੰ ਮਨੁੱਖਤਾ ਦੇ ਆਧਾਰ 'ਤੇ ਸੁਰੱਖਿਆ ਮਿਲਣੀ ਚਾਹੀਦੀ ਏ।

------------------------------------------------------------

ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ ਚਲਾਈ ਜਾ ਰਹੀ ਵਿਆਪਕ ਟੀਕਾਕਰਨ ਮੁਹਿੰਮ ਤਹਿਤ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਮਹਿਜ਼ 17 ਦਿਨਾਂ ਅੰਦਰ ਕੋਈ 50 ਫੀਸਦੀ ਗਊਆਂ ਦਾ ਟੀਕਾਕਰਨ ਮੁਕੰਮਲ ਕਰ ਲਿਆ ਏ । ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸਰਕਾਰ ਨੇ ਇਸ ਵਿਆਪਕ ਮੁਹਿੰਮ ਤਹਿਤ ਸੂਬੇ ਦੇ 25 ਲੱਖ ਗਊਵੰਸ਼ ਦੇ 100 ਫ਼ੀਸਦੀ ਟੀਕਾਕਰਨ ਦਾ ਟੀਚਾ ਮਿੱਥਿਆ ਏ । ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸੂਬੇ ਵਿੱਚ ਹੁਣ ਤੱਕ 12 ਲੱਖ 49 ਹਜ਼ਾਰ 779 ਪਸ਼ੂਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਏ । ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਵਿੱਚ 16 ਅਪ੍ਰੈਲ ਤੱਕ 25 ਲੱਖ ਗਊਵੰਸ਼ ਦਾ 100 ਫ਼ੀਸਦੀ ਟੀਕਾਕਰਨ ਯਕੀਨੀ ਬਣਾਉਣ ਲਈ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ ।

-------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ, ਪਾਕਿਸਤਾਨੀ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਵੱਲੋਂ ਸੂਬੇ ਦੇ ਸਕੂਲਾਂ ਵਿੱਚ ਪੰਜਾਬੀ ਪੜ੍ਹਾਉਣ ਸਬੰਧੀ ਕੀਤੇ ਐਲਾਨ ਦਾ ਸਵਾਗਤ ਕੀਤਾ ਏ । ਅੰਮ੍ਰਿਤਸਰ ਤੋਂ ਜਾਰੀ ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਲੋਕਾਂ ਦੀ ਮਾਂ ਬੋਲੀ ਏ, ਜਿਹੜੀ ਨਵੀਂ ਪੀੜ੍ਹੀ ਨੂੰ ਪੜ੍ਹਾਈ ਜਾਣੀ ਬੇਹੱਦ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਆਪਣੀ ਮਾਂ ਬੋਲੀ ਤੋਂ ਟੁੱਟ ਕੇ ਕੋਈ ਵੀ ਕੌਮ ਕਾਮਯਾਬ ਨਹੀਂ ਹੋ ਸਕਦੀ ਅਤੇ ਆਪਣੇ ਪੁਰਖਿਆਂ ਦੀ ਵਿਰਾਸਤ ਤੋਂ ਵੀ ਖੁੰਝ ਜਾਂਦੀ ਏ । ਉਨ੍ਹਾਂ ਕਿਹਾ ਕਿ ਲਹਿੰਦੇ ਪੰਜਾਬ ਅੰਦਰ ਪੰਜਾਬੀ ਨੂੰ ਸਕੂਲਾਂ ਅੰਦਰ ਮੁੱਢਲੀ ਜਮਾਤਾਂ ਤੋਂ ਹੀ ਵਿਸ਼ੇ ਵਜੋਂ ਪੜ੍ਹਾਇਆ ਜਾਣਾ ਚਾਹੀਦਾ ਏ ਅਤੇ ਉੱਥੋਂ ਦੀ ਸੂਬਾ ਸਰਕਾਰ ਨੂੰ ਆਪਣੇ ਵੱਲੋਂ ਕੀਤੇ ਗਏ ਐਲਾਨ ਨੂੰ ਤੁਰੰਤ ਅਮਲੀ ਰੂਪ ਦੇਣਾ ਚਾਹੀਦਾ ਏ ।

-------------------------------------------------------

ਭਾਰਤ ਸਰਕਾਰ ਦੇ ਯੁਵਾ ਮਾਮਲੇ ਤੇ ਖੇਡ ਮੰਤਰਾਲੇ ਤਹਿਤ ਨਹਿਰੂ ਯੁਵਾ ਕੇਂਦਰ ਤਰਨਤਾਰਨ ਨੇ ਸ਼੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਨੇਬਰਹੁੱਡ ਯੂਥ ਪਾਰਲੀਮੈਂਟ ਪ੍ਰੋਗਰਾਮ ਦਾ ਆਯੋਜਨ ਕੀਤਾ । SDM ਸਿਮਰਨਦੀਪ ਸਿੰਘ ਤੇ ਕਾਲਜ ਪ੍ਰਿੰਸੀਪਲ ਗੁਰਿੰਦਰ ਕੌਰ ਇਸਦੇ ਮੁੱਖ

ਮਹਿਮਾਨ ਰਹੇ। ਜ਼ਿਲ੍ਹਾ ਯੂਥ ਅਫ਼ਸਰ ਜਸਲੀਨ ਕੌਰ ਨੇ ਪ੍ਰੋਗਰਾਮ ਬਾਰੇ ਦੱਸਿਆ ਅਤੇ ਮੇਰਾ ਭਾਰਤ ਪੋਰਟਲ ਬਾਰੇ ਅਹਿਮ ਜਾਣਕਾਰੀ ਦਿੱਤੀ। ਮਾਹਰ ਰਮਨਦੀਪ ਕੌਰ ਨੇ ਨਾਰੀ ਸ਼ਕਤੀ ਜਦਕਿ ਸੁਰਿੰਦਰ ਕੌਰ ਸਿੰਘ ਨੇ ਬਾਜਰੇ ਦੇ ਵਿਸ਼ੇ 'ਤੇ ਚਰਚਾ ਕੀਤੀ। ਇਸ ਮੌਕੇ ਆਯੋਜਿਤ ਯੂਥ ਪਾਰਲੀਮੈਂਟ ਖਿੱਚ ਦਾ ਵਿਸ਼ੇਸ਼ ਕੇਂਦਰ ਬਣਿਆ, ਜਿਸ ਵਿੱਚ ਪ੍ਰਤੀਯੋਗੀਆਂ ਨੇ ਨਵੀਂ ਸਿੱਖਿਆ ਨੀਤੀ ਅਤੇ ਮਹਿਲਾ ਰਾਖਵਾਂਕਰਨ ਬਿੱਲ 'ਤੇ ਸੰਸਦ ਦੀ ਕਾਰਵਾਈ ਬਾਰੇ ਵਿਚਾਰ ਚਰਚਾ ਕੀਤੀ। ਕੇਂਦਰ ਦੇ ਵਲੰਟੀਅਰਸ ਨੇ ਵੋਟਰ ਜਾਗਰੂਕਤਾ ਸਬੰਧੀ ਇੱਕ ਨੁੱਕੜ ਨਾਟਕ ਪੇਸ਼ ਕੀਤਾ ਜਿਸ ਵਿੱਚ ਸਮੂਹ ਨੌਜਵਾਨਾਂ ਨੂੰ ਚੋਣਾਂ ਵਿੱਚ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।